ਬਸੰਤੁ ਮਹਲਾ ੩ ॥ ਸਭਿ ਜੁਗ ਤੇਰੇ ਕੀਤੇ ਹੋਏ ॥ ਸਤਿਗੁਰੁ ਭੇਟੈ ਮਤਿ ਬੁਧਿ ਹੋਏ ॥੧॥ ਹਰਿ ਜੀਉ ਆਪੇ ਲੈਹੁ ਮਿਲਾਇ ॥ ਗੁਰ ਕੈ ਸਬਦਿ ਸਚ ਨਾਮਿ ਸਮਾਇ ॥੧॥ ਰਹਾਉ ॥ ਮਨਿ ਬਸੰਤੁ ਹਰੇ ਸਭਿ ਲੋਇ ॥ ਫਲਹਿ ਫੁਲੀਅਹਿ ਰਾਮ ਨਾਮਿ ਸੁਖੁ ਹੋਇ ॥੨॥ ਸਦਾ ਬਸੰਤੁ ਗੁਰ ਸਬਦੁ ਵੀਚਾਰੇ ॥ ਰਾਮ ਨਾਮੁ ਰਾਖੈ ਉਰ ਧਾਰੇ ॥੩॥ ਮਨਿ ਬਸੰਤੁ ਤਨੁ ਮਨੁ ਹਰਿਆ ਹੋਇ ॥ ਨਾਨਕ ਇਹੁ ਤਨੁ ਬਿਰਖੁ ਰਾਮ ਨਾਮੁ ਫਲੁ ਪਾਏ ਸੋਇ ॥੪॥੩॥੧੫॥ {ਪੰਨਾ 1176}

ਪਦਅਰਥ:- ਸਭਿ—ਸਾਰੇ। ਭੇਟੈ—ਮਿਲਦਾ ਹੈ।1।

ਹਰਿ ਜੀਉ—ਹੇ ਪ੍ਰਭੂ ਜੀ! {ਸੰਬੋਧਨ}। ਆਪੇ—ਤੂੰ ਆਪ ਹੀ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਸਚ ਨਾਮਿ—(ਤੇਰੇ) ਸਦਾ ਕਾਇਮ ਰਹਿਣ ਵਾਲੇ ਨਾਮ ਵਿਚ। ਸਮਾਇ—ਲੀਨ ਹੋ ਜਾਂਦਾ ਹੈ।1। ਰਹਾਉ।

ਮਨਿ—ਮਨ ਵਿਚ। ਬਸੰਤੁ—ਸਦਾ ਖਿੜੇ ਰਹਿਣ ਵਾਲਾ ਪ੍ਰਭੂ। ਸਭਿ—ਸਾਰੇ। ਲੋਇ—ਜਗਤ ਵਿਚ। ਫਲਹਿ—ਉਹ ਫਲਦੇ ਹਨ। ਫੁਲੀਅਹਿ—ਉਹਨਾਂ ਨੂੰ ਫੁੱਲ ਲੱਗਦੇ ਹਨ, ਉਹ ਪ੍ਰਫੁਲਤ ਹੁੰਦੇ ਹਨ। ਨਾਮਿ—ਨਾਮ ਦੀ ਰਾਹੀਂ।2।

ਸਦਾ ਬਸੰਤੁ—ਸਦਾ ਹੀ ਆਤਮਕ ਖਿੜਾਉ। ਉਰ—ਹਿਰਦਾ।3।

ਹਰਿਆ—ਆਤਮਕ ਜੀਵਨ ਨਾਲ ਭਰਪੂਰ। ਬਿਰਖੁ—ਰੁੱਖ। ਸੋਇ—ਉਹ ਮਨੁੱਖ।4।

ਅਰਥ:- ਹੇ ਪ੍ਰਭੂ ਜੀ! (ਜਿਸ ਮਨੁੱਖ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ) (ਤੇਰੇ) ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਲੀਨ ਰਹਿੰਦਾ ਹੈ।1। ਰਹਾਉ।

ਹੇ ਪ੍ਰਭੂ! ਸਾਰੇ ਜੁਗ (ਸਾਰੇ ਸਮੇ) ਤੇਰੇ ਹੀ ਬਣਾਏ ਹੋਏ ਹਨ (ਤੇਰੇ ਨਾਮ ਦੀ ਪ੍ਰਾਪਤੀ ਜੁਗਾਂ ਦੇ ਵਿਤਕਰੇ ਨਾਲ ਨਹੀਂ ਹੁੰਦੀ। ਜਿਸ ਮਨੁੱਖ ਨੂੰ ਤੇਰੀ ਮਿਹਰ ਨਾਲ) ਗੁਰੂ ਮਿਲ ਪੈਂਦਾ ਹੈ (ਉਸ ਦੇ ਅੰਦਰ ਨਾਮ ਜਪਣ ਵਾਲੀ) ਮਤਿ ਅਕਲ ਪੈਦਾ ਹੋ ਜਾਂਦੀ ਹੈ।1।

ਹੇ ਭਾਈ! (ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ ਸਦਾ ਖਿੜੇ ਰਹਿਣ ਵਾਲਾ ਪ੍ਰਭੂ ਆ ਵੱਸਦਾ ਹੈ, ਉਹ ਸਾਰੇ ਹੀ ਇਸ ਜਗਤ ਵਿਚ ਆਤਮਕ ਜੀਵਨ ਵਾਲੇ ਹੋ ਜਾਂਦੇ ਹਨ, ਉਹ ਮਨੁੱਖ ਦੁਨੀਆ ਵਿਚ ਭੀ ਕਾਮਯਾਬ ਹੁੰਦੇ ਹਨ, ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ (ਭੀ) ਬਣਿਆ ਰਹਿੰਦਾ ਹੈ।2।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾਂਦਾ ਹੈ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਟਿਕਾਈ ਰੱਖਦਾ ਹੈ, ਉਸ ਦੇ ਅੰਦਰ ਸਦਾ ਆਤਮਕ ਖਿੜਾਉ ਬਣਿਆ ਰਹਿੰਦਾ ਹੈ।3।

ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਸਦਾ ਖਿੜੇ ਰਹਿਣ ਵਾਲਾ ਹਰੀ ਆ ਵੱਸਦਾ ਹੈ, ਉਸ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ ਉਸ ਦਾ ਮਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ। ਹੇ ਨਾਨਕ! ਇਹ ਸਰੀਰ (ਮਾਨੋ) ਰੁੱਖ ਹੈ, (ਜਿਸ ਦੇ ਮਨ ਵਿਚ ਬਸੰਤ ਆ ਜਾਂਦੀ ਹੈ) ਉਸ ਮਨੁੱਖ ਦਾ ਇਹ ਸਰੀਰ-ਰੁੱਖ ਹਰਿ-ਨਾਮ-ਫਲ ਪ੍ਰਾਪਤ ਕਰ ਲੈਂਦਾ ਹੈ।4।15।